ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ:8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ: ਟਰਾਂਸਫਰਸੈੱਲ/2024666102/6 ਮਿਤੀ:ਐਸ.ਏ.ਐਸ ਨਗਰ: 23-08-2024

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿ), ਪੰਜਾਬ ਦੇ ਮੀਮੋ ਨੰ : SSA/HR/Transfer/ 2020/118750, ਮਿਤੀ 22-05-2020 ਰਾਹੀਂ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ।

2.0 ਵਿਭਾਗ ਦੇ ਮੀਮੋ ਨੰ: ਟਰਾਂਸਫਰਸੈੱਲ/2024666102/2, ਮਿਤੀ 24-07-2024 ਅਤੇ ਮੀਮੋ ਨੰ: ਟਰਾਂਸਫਰਸੈੱਲ/2024666102/3, ਮਿਤੀ 06-08-2024 ਰਾਹੀਂ ਜਨਤਕ ਸੂਚਨਾ ਰਾਹੀਂ ਜੋ ਦਰਖਾਸਤਕਰਤਾ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਨ੍ਹਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ 10-08-2024 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵੱਲੋਂ ਈਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਗਏ ਹਨ। ਦਰਖਾਸਤਕਰਤਾਵਾਂ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ, ਉਸਦੀ ਤਸਦੀਕ ਡੀਡੀਓ ਵੱਲੋਂ ਮਿਤੀ 12-08-2024 ਤੱਕ ਕੀਤੀ ਗਈ ਸੀ।

3.0 ਵਿਭਾਗ ਵੱਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ Station Choice ਮਿਤੀ 26-08-2024 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਭਧ ਹੈ।

Sunita Rani 23/8/24

ਸਹਾਇਕ ਡਾਇਰੈਕਟਰ (ਅਮਲਾ-1)